**ਡਾਇਰੈਕਟਰ ਜਨਰਲ ਸਕੂਲ ਸਿੱਖਿਆ ਅਤੇ ਸਟੇਟ ਪ੍ਰੋਜੈਕਟ ਡਾਇਰੈਕਟਰ,**
**ਸਰਵ ਸਿੱਖਿਆ ਅਭਿਆਨ ਅਥਾਰਟੀ, ਪੰਜਾਬ ਵਿੱਦਿਆ ਭਵਨ, ਈ-ਬਲਾਕ, ਪੰਜਵੀਂ ਮੰਜਿਲ,**
**ਫੇਜ-8, ਐਸ.ਏ.ਐਸ. ਨਗਰ (ਮੋਹਾਲੀ), ਪੰਜਾਬ**

ਵੱਲ :

ਸਮੂਹ ਮੰਡਲ ਸਿੱਖਿਆ ਅਫਸਰ, ਪੰਜਾਬ
ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਪੰਜਾਬ
ਸਮੂਹ ਸਰਕਾਰੀ, ਮਾਡਲ ਅਤੇ ਆਦਰਸ਼ ਸੀਨੀਅਰ ਸੈਕੰਡਰੀ ਸਕੂਲ, ਪੰਜਾਬ

ਮੀਮੋ ਨੰ :- ਸਸਅ/2015/ਐਮ.ਆਈ.ਐਸ./ਈ-ਪੰਜਾਬ/ 2015/3435
ਮਿਤੀ : ਚੰਡੀਗੜ੍ਹ/7ਅਗਸਤ, 2015

**ਵਿਸ਼ਾ : ਮਾਈ ਭਾਗੋ ਵਿਦਿਆ ਸਕੀਮ ਅਧੀਨ 11ਵੀਂ ਅਤੇ 12ਵੀਂ ਜਮਾਤ ਦੀਆਂ ਵਿਦਿਆਰਥਣਾ ਨੂੰ ਮਿਲੇ ਸਾਇਕਲਾਂ ਸਬੰਧੀ ਜਾਣਕਾਰੀ ਨੂੰ ਈਪੰਜਾਬਸਕੂਲ ਪੋਰਟਲ ਉੱਤੇ ਅਪਡੇਟ ਕਰਨ ਬਾਰੇ।**

ਪੰਜਾਬ ਸਰਕਾਰ ਵਲੋਂ ਰਾਜ ਦੇ ਸਮੂਹ ਸਰਕਾਰੀ, ਮਾਡਲ ਅਤੇ ਆਦਰਸ਼ ਸਕੂਲਾਂ ਵਿਚ 11ਵੀਂ ਅਤੇ 12ਵੀਂ ਜਮਾਤ ਦੀਆਂ ਵਿਦਿਆਰਥਣਾ ਨੂੰ ਮਾਈ ਭਾਗੋ ਵਿਦਿਆ ਸਕੀਮ ਅਧੀਨ ਸਾਇਕਲ ਮੁਹਈਆ ਕਰਵਾਏ ਗਏ ਹਨ। ਸਾਇਕਲਾਂ ਦੀ ਵੰਡ ਸਬੰਧੀ ਕਾਰਵਾਈ ਨੂੰ ਮੋਨੀਟਰ ਕਰਨ ਲਈ ਸਿੱਖਿਆ ਵਿਭਾਗ ਵਲੋਂ ਆਪਣੇ ਪੋਰਟਲ epunjabschool.gov.in ਉੱਤੇ ਇੱਕ ਨਵਾਂ ਮਡਿਊਲ ਬਣਾਇਆ ਗਿਆ ਹੈ। ਇਸ ਮਡਿਊਲ ਅਧੀਨ ਸਮੂਹ ਸਰਕਾਰੀ, ਮਾਡਲ ਅਤੇ ਆਦਰਸ਼ ਸਕੂਲਾਂ ਵਲੋਂ ਆਪਣੇ ਸਕੂਲ ਦੀਆਂ 11ਵੀਂ ਅਤੇ 12ਵੀਂ ਜਮਾਤ ਵਿਚ ਪੜ੍ਹਦੀਆਂ ਵਿਦਿਆਰਥਣਾ ਦੀ ਜਾਣਕਾਰੀ ਅਪਡੇਟ ਕੀਤੀ ਜਾਵੇ ਤਾਂ ਜੋ ਸਰਕਾਰ ਵਲੋਂ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੋਈ ਵੀ ਵਿਦਿਆਰਥਣ ਇਸ ਲਾਭ ਤੋਂ ਵਾਂਝੀ ਨਾ ਰਹਿ ਜਾਵੇ।

ਸਮੂਹ ਮੰਡਲ ਸਿੱਖਿਆ ਅਫਸਰ ਅਤੇ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਆਪਣੇ ਅਧੀਨ ਆਉਂਦੇ ਸਮੂਹ ਸਰਕਾਰੀ, ਮਾਡਲ ਅਤੇ ਆਦਰਸ਼ ਸੀਨੀਅਰ ਸੈਕੰਡਰੀ ਸਕੂਲਾਂ ਵਲੋਂ ਉਪਰੋਕਤ ਸਬੰਧੀ ਪੋਰਟਲ ਉੱਤੇ ਕੀਤੀ ਜਾ ਰਹੀ ਅਪਡੇਸ਼ਨ ਨੂੰ ਜਿਲ੍ਹਾ ਐਮ.ਆਈ.ਐਸ. ਕੋਆਰਡੀਨੇਟਰ ਤੋਂ ਰਿਪੋਰਟ ਲੈ ਕੇ ਰੋਜਾਨਾ ਮੋਨੀਟਰ ਕਰਨ ਅਤੇ ਇਸ ਕੰਮ ਨੂੰ ਸਮਾਂਬੱਧ ਤਰੀਕੇ ਨਾਲ ਮੁਕੰਮਲ ਕਰਵਾਉਣ।

ਪ੍ਰਦੀਪ ਕੁਮਾਰ ਅੱਗਰਵਾਲ, ਆਈ.ਏ.ਐਸ.
ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

**ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਜਾਣਕਾਰੀ ਹਿੱਤ ਭੇਜਿਆ ਜਾਂਦਾ ਹੈ :-**

1) ਨਿਜੀ ਸਕੱਤਰ, ਪ੍ਰਮੁੱਖ ਸਕੱਤਰ ਸਕੂਲ ਸਿੱਖਿਆ ਜੀ, ਪੰਜਾਬ
2) ਨਿਜੀ ਸਕੱਤਰ, ਸਕੱਤਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ, ਪੰਜਾਬ